8-Dec.-Page-SNG.qxd 08-Dec-24 9:19 PM Page 3

17 ਨੂੰ ਪੈਨਸ਼ਨਰ ਦਿਹਾੜਾ ਮਨਾਉਣ ਸੰਬੰਧੀ ਉੱਲੀਕੀ ਰੂਪ ਰੇਖਾ

ਪ੍ਰਿੰਸੀਪਲ ਖੱਟੜਾ ਮੁੱਖ ਮਹਿਮਾਨ ਅਤੇ ਅਰੋੜਾ ਕਰਨਗੇ ਸਮਾਗਮ ਦੀ ਪ੍ਰਧਾਨਗੀ

ਸੰਗਰੂਰ, 8 ਦਸੰਬਰ (ਅਮਨਦੀਪ ਸਿੰਘ ਬਿੱਟਾ)- ਸਥਾਨਕ ਤਹਿਸੀਲ ਕੰਪਲੈਕਸ ਵਿਖੇ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵਲੋਂ ਵਿਸ਼ੇਸ਼ ਇਕੱਤਰਤਾ ਹਰਵਿੰਦਰ ਸਿੰਘ ਭੱਠਲ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਵਿਚ ਹੋਈ। ਇਸ ਮੌਕੇ 'ਤੇ 17 ਦਸੰਬਰ ਨੂੰ ਪੈਨਸ਼ਨਰਜ਼ ਦਿਹਾੜਾ ਮਨਾਉਣ ਸੰਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਭੁਪਿੰਦਰ ਸਿੰਘ ਜੱਸੀ ਜਨਰਲ ਸਕੱਤਰ ਨੇ ਸਟੇਜ ਸੰਚਾਲਨ ਕਰਦਿਆਂ ਮੈਂਬਰਾਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਤਿਹਾਸਕ ਪੈਨਸ਼ਨਰਜ਼ ਦਿਵਸ ਐਸੋਸੀਏਸ਼ਨ ਵਲੋਂ ਮੰਦਰ ਸ੍ਰੀ ਮਨਸਾ ਦੇਵੀ ਦੇ ਹਾਲ ਵਿਚ ਸਵੇਰੇ 10 ਵਜੇ ਤੋਂ ਬੜੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਮਾਸਟਰ ਫ਼ਕੀਰ ਚੰਦ ਵਲੋਂ ਖ਼ੂਬਸੂਰਤ ਆਵਾਜ਼ ਅਤੇ ਅੰਦਾਜ਼ ਨਾਲ ਗੀਤ ਪੇਸ਼ ਕਰਨ ਉਪਰੰਤ ਜਗਜੀਤ ਇੰਦਰ ਸਿੰਘ ਚੇਅਰਮੈਨ, ਗੁਰਦੀਪ ਸਿੰਘ ਮੰਗਵਾਲ ਸੀਨੀਅਰ ਮੀਤ ਪ੍ਰਧਾਨ, ਰਾਮ ਲਾਲ ਪਾਂਧੀ ਜ਼ਿਲ੍ਹਾ ਜਨਰਲ ਸਕੱਤਰ ਪੈਨਸ਼ਨਰਜ਼ ਐਸੋਸੀਏਸ਼ਨ, ਸੁਰਿੰਦਰ ਪਾਲ ਸਿੰਘ ਸਿਦਕੀ ਪ੍ਰੈਸ ਸਕੱਤਰ, ਸੱਤਦੇਵ ਸ਼ਰਮਾ, ਅਵਿਨਾਸ਼ ਸ਼ਰਮਾ , ਗੋਵਿੰਦਰ ਸ਼ਰਮਾ ਆਦਿ ਨੇ ਵੱਖ-ਵੱਖ ਵਿਚਾਰ ਅਤੇ ਸੁਝਾਅ ਦਿੱਤੇ। ਇਸ ਮੌਕੇ ਸਰਬਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਸੇਵਾ ਮੁਕਤ ਪ੍ਰਿੰਸੀਪਲ ਡਾ:ਮਲਕੀਤ ਸਿੰਘ ਖੱਟੜਾ ਹੋਣਗੇ, ਜਦੋਂ ਕਿ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਉੱਘੇ ਸਮਾਜ ਸੇਵੀ ਰਾਜ ਕੁਮਾਰ ਅਰੋੜਾ ਇਸ ਸਮਾਗਮ ਦੀ ਪ੍ਰਧਾਨਗੀ ਕਰਨਗੇ। ਉਨ੍ਹਾਂ ਦੇ ਨਾਲ ਸਟੇਟ ਬੈਂਕ ਆਫ਼ ਇੰਡੀਆ ਦੇ ਚੀਫ਼ ਮੈਨੇਜਰ ਨਿਸ਼ਾਂਤ ਰੰਜਨ ਓਝਾ ਵਿਸ਼ੇਸ਼ ਮਹਿਮਾਨ ਹੋਣਗੇ। ਰਾਜ ਕੁਮਾਰ ਅਰੋੜਾ ਨੇ ਸਮਾਗਮ ਦੀ ਪ੍ਰਧਾਨਗੀ ਕਰਨ ਦਾ ਮਾਣ ਦੇਣ 'ਤੇ ਐਸੋਸੀਏਸ਼ਨ ਦੇ ਆਗੂਆਂ ਅਤੇ ਸਮੂਹ ਮੈਂਬਰਾਂ ਦਾ ਆਭਾਰ ਪ੍ਰਗਟ ਕੀਤਾ ਅਤੇ ਦੱਸਿਆ ਕਿ 10 ਦਸੰਬਰ ਨੂੰ ਸਟੇਟ ਬਾਡੀ ਦੀ ਹੋ ਰਹੀ ਮੀਟਿੰਗ ਵਿਚ ਉਹ ਸ਼ਾਮਿਲ ਹੋ ਰਹੇ ਹਨ। ਇਸ ਮੌਕੇ ਦਸੰਬਰ ਮਹੀਨੇ ਨਾਲ ਸੰਬੰਧਿਤ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸਾਥੀ ਮੈਂਬਰਾਂ ਮਲੇਰਕੋਟਲਾ ਦੇ ਤਹਿਸੀਲਦਾਰ, ਰਾਜ ਕੁਮਾਰ ਬਾਂਸਲ, ਜਸਵੀਰ ਸਿੰਘ ਖ਼ਾਲਸਾ, ਦਰਸ਼ਨ ਸਿੰਘ, ਸੰਜੀਵ ਭੂਸ਼ਣ, ਜਸਵੰਤ ਸਿੰਘ, ਗਿਰਧਾਰੀ ਲਾਲ, ਦਵਿੰਦਰ ਸਿੰਘ, ਫ਼ਕੀਰ ਚੰਦ, ਰਾਮ ਦੇਵ, ਹੰਸਾ ਸਿੰਘ, ਗੁਰਕ੍ਰਿਪਾਲ ਸਿੰਘ ਅਤੇ ਲੇਡੀਜ ਮੈਂਬਰ ਪੁਸ਼ਪਾ ਸ਼ਰਮਾ ਤੇ ਕਰਮਜੀਤ ਕੌਰ ਦੇ ਨਾਲ ਐਸੋਸੀਏਸ਼ਨ ਦੇ ਬਣੇ ਨਵੇਂ ਮੈਂਬਰ ਜੋਗਿੰਦਰ ਸਿੰਘ ਬੱਡਰੁਖਾਂ ਰਿਟਾਇਰਡ ਐਸ.ਡੀ.ਓ ਪਬਲਿਕ ਹੈਲਥ ਨੂੰ ਸਨਮਾਨਿਤ ਕੀਤਾ ਗਿਆ। ਹਰਵਿੰਦਰ ਸਿੰਘ ਭੱਠਲ ਨੇ ਜਨਮ ਦਿਨ ਵਾਲਿਆਂ ਨੂੰ ਮੁਬਾਰਕਾਂ ਅਤੇ ਉਨ੍ਹਾਂ ਦੇ ਸਿਹਤਮੰਦ ਜ਼ਿੰਦਗੀ ਦੀ ਕਾਮਨਾ ਕੀਤੀ। ਸਤਪਾਲ ਸਿੰਗਲਾ, ਨੰਦ ਲਾਲ ਮਲਹੋਤਰਾ, ਹਰਪਾਲ ਸਿੰਘ ਸੰਗਰੂਰਵੀ, ਨਿਹਾਲ ਸਿੰਘ ਮੰਗਵਾਲ, ਰਾਮ ਸਰੂਪ ਅਲੀਸ਼ੇਰ, ਸੁਖਦੇਵ ਸਿੰਘ ਜੱਸੀ, ਕਰਨੈਲ ਸਿੰਘ ਸ਼ੇਖੋਂ, ਸੁਰਿੰਦਰ ਸਿੰਘ ਸੋਢੀ, ਕੌਰ ਸਿੰਘ, ਜਗਦੇਵ ਸ਼ਰਮਾ, ਦਵਿੰਦਰ ਜਿੰਦਲ, ਬਾਲ ਕ੍ਰਿਸ਼ਨ, ਮਹੇਸ਼ ਜੌਹਰ, ਰਾਜ ਕੁਮਾਰ ਸ਼ਰਮਾ, ਭਜਨ ਸਿੰਘ, ਜਸਪਾਲ ਸ਼ਰਮਾ, ਰਾਜਿੰਦਰ ਕਾਂਸਲ, ਧਰਮਵੀਰ ਸਿੰਘ, ਬਲਵੀਰ ਸਿੰਘ, ਰਜਨੀਸ਼ ਕੁਮਾਰ ਆਦਿ ਸਮੇਤ ਐਸੋਸੀਏਸ਼ਨ ਦੇ ਮੈਂਬਰ ਵੱਡੀ ਗਿਣਤੀ ਵਿਚ ਮੌਜੂਦ ਸਨ।

ਤਹਿਸੀਲ ਕੰਪਲੈਕਸ ਵਿਖੇ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵਲੋਂ ਕਰਵਾਏ ਗਏ ਸਮਾਗਮ ਦੀਆਂ ਵੱਖ-ਵੱਖ ਝਲਕੀਆਂ। ਤਸਵੀਰ: ਦਰਸ਼ਨ ਵਧਵਾ

ਖਨੌਰੀ ਵਿਖੇ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰਕਾਮ ਡਵੀਜ਼ਨ ਪਾਤੜਾਂ ਦੇ ਮੈਂਬਰ, ਰਾਜਦੇਵ ਬੇੜੀ ਅਤੇ ਨਿਰਮਲਾ ਦੇਵੀ ਨੂੰ ਸਨਮਾਨਿਤ ਕਰਦੇ ਹੋਏ। ਤਸਵੀਰ: ਬਲਵਿੰਦਰ ਸਿੰਘ ਥਿੰਦ

ਪੈਨਸ਼ਨਰ ਐਸੋਸੀਏਸ਼ਨ ਵਲੋਂ ਰਾਜਦੇਵ ਬੇੜੀ ਤੇ ਨਿਰਮਲਾ ਦੇਵੀ ਸਨਮਾਨਿਤ

ਖਨੌਰੀ, 8 ਦਸੰਬਰ (ਬਲਵਿੰਦਰ ਸਿੰਘ ਥਿੰਦ) - ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰਕਾਮ ਡਵੀਜ਼ਨ ਪਾਤੜਾਂ ਦੀ ਸਬ ਯੂਨਿਟ ਖਨੌਰੀ ਦੀ ਮੀਟਿੰਗ ਜਰਨਲ ਕੌਂਸਲ ਡਿਵੀਜ਼ਨ ਪ੍ਰਧਾਨ ਸਾਥੀ ਖਿਆਲੀ ਰਾਮ ਦੀ ਪ੍ਰਧਾਨਗੀ ਹੇਠ ਹੋਈ। ਇਸ ਮਹੀਨਾ ਵਾਰ ਹੋਈ ਮੀਟਿੰਗ ਵਿਚ ਪੈਨਸ਼ਨਰ ਸਾਥੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਤੇ 70 ਸਾਲਾ ਸਾਥੀ ਰਾਜਦੇਵ ਬੇੜੀ ਨੂੰ ਅਤੇ 70 ਸਾਲਾ ਨਿਰਮਲਾ ਦੇਵੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਡਵੀਜ਼ਨ ਪ੍ਰਧਾਨ ਖਿਆਲੀ ਰਾਮ, ਡਵੀਜ਼ਨ ਸੀਨੀਅਰ ਮੀਤ ਪ੍ਰਧਾਨ ਸਾਥੀ ਬਲਵਿੰਦਰ ਸਿੰਘ, ਜਰਨੈਲ ਸਿੰਘ ਸੀਨੀਅਰ ਆਗੂ, ਰਣਵੀਰ ਸਿੰਘ ਖ਼ਜ਼ਾਨਚੀ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ। ਮੈਡੀਕਲ ਕੈਸ਼ਲੈਸ ਸਕੀਮ ਵੀ ਲਾਗੂ ਕੀਤੀ ਜਾਵੇ 23 ਸਾਲਾ ਸਕੇਲ ਬਿਨਾਂ ਸ਼ਰਤ ਲਾਗੂ ਕੀਤਾ ਜਾਵੇ ਅਤੇ ਹੋਰ ਵੀ ਜੋ ਪੱਤਰ ਵਿਚ ਮੰਗਾਂ ਹਨ ਉਹ ਵੀ ਲਾਗੂ ਕੀਤੀਆਂ ਜਾਣ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਡਿਵੀਜ਼ਨ ਸਕੱਤਰ ਸਤਪਾਲ ਸ਼ਰਮਾ ਨੇ ਨਿਭਾਈ।

ਭਵਾਨੀਗੜ੍ਹ ਵਿਖੇ ਗੱਲਬਾਤ ਕਰਦੇ ਹੋਏ ਸਾਬਕਾ ਮੰਤਰੀ ਬਲਦੇਵ ਸਿੰਘ ਮਾਨ ਅਤੇ ਹੋਰ। ਤਸਵੀਰ: ਰਣਧੀਰ ਸਿੰਘ ਫੱਗੂਵਾਲਾ

ਚੌੜਾ ਦੀ ਤਸਵੀਰ ਲਗਾਉਣ ਬਾਰੇ ਕਹਿਣ ਨਾਲ ਕੇਂਦਰੀ ਮੰਤਰੀ ਬਿੱਟੂ ਦੀ ਸੋੜੀ ਸੋਚ ਸਾਹਮਣੇ ਆਈ

ਭਵਾਨੀਗੜ੍ਹ, 8 ਦਸੰਬਰ (ਰਣਧੀਰ ਸਿੰਘ ਫੱਗੂਵਾਲਾ)- ਸੁਖਬੀਰ ਸਿੰਘ ਬਾਦਲ 'ਤੇ ਹਮਲਾ ਕਰਨ ਵਾਲੇ ਨਰਾਇਣ ਸਿੰਘ ਚੌੜਾ ਦੀ ਤਸਵੀਰ ਅਕਾਲੀ ਦਲ ਦੇ ਦਫ਼ਤਰ ਲਗਾਉਣ ਬਾਰੇ ਕਹਿਣ ਨਾਲ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਸੋੜੀ ਸੋਚ ਲੋਕਾਂ ਸਾਹਮਣਾ ਆਈ ਹੈ। ਇਹ ਵਿਚਾਰ ਸਾਬਕਾ ਮੰਤਰੀ ਬਲਦੇਵ ਸਿੰਘ ਮਾਨ ਨੇ ਸਥਾਨਕ ਸ਼ਹਿਰ ਵਿਖੇ ਗੱਲਬਾਤ ਕਰਦਿਆਂ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਰਵਨੀਤ ਸਿੰਘ ਬਿੱਟੂ ਦਾ ਕਹਿਣਾ ਹੈ, ਕਿ ਇਹ ਹਮਲਾ ਨਰਾਇਣ ਸਿੰਘ ਚੌੜਾ ਨੇ ਬੇਅਦਬੀਆਂ ਦਾ ਬਦਲਾ ਲੈਣ ਦਾ ਭਾਵਨਾ ਨਾਲ ਕੀਤਾ ਹੈ, ਜਿਸ ਕਰਕੇ ਉਨ੍ਹਾਂ ਉਸ ਦੀ ਫੋਟੋ ਅਕਾਲੀ ਦਲ ਨੇ ਦਫ਼ਤਰ ਲਗਾਉਣੀ ਚਾਹੀਦੀ ਹੈ। ਸ: ਮਾਨ ਨੇ ਕਿਹਾ ਕਿ ਫ਼ਿਰ ਤਾਂ ਬਿੱਟੂ ਨੂੰ ਵੀ ਬੇਅੰਤ ਸਿੰਘ ਨੂੰ ਮਾਰਨ ਵਾਲੇ ਭਾਈ ਦਿਲਾਵਰ ਸਿੰਘ ਦੀ ਫੋਟੋ ਆਪਣੇ ਘਰ ਲਗਾਉਣੀ ਚਾਹੀਦੀ ਹੈ, ਕਿਉਂਕਿ ਉਸ ਨੇ ਵੀ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਦੇ ਕਤਲਾਂ ਦੀ ਭਾਵਨਾ ਨੂੰ ਲੈ ਕੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦਾ ਕਤਲ ਕੀਤਾ ਸੀ। ਇਸ ਮੌਕੇ 'ਤੇ ਹਰਵਿੰਦਰ ਸਿੰਘ ਕਾਕੜਾ, ਜਥੇਦਾਰ ਇੰਦਰਜੀਤ ਸਿੰਘ ਤੂਰ, ਨਿਰਮਲ ਸਿੰਘ ਭੜੋ ਸਾਬਕਾ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਹੋਰ ਆਗੂ ਹਾਜ਼ਰ ਸਨ।

ਮੀਟਿੰਗ ਕਰਨ ਉਪਰੰਤ ਜਾਣਕਾਰੀ ਦਿੰਦੇ ਹੋਏ ਨੌਜਵਾਨ। ਤਸਵੀਰ: ਸੁਨੀਲ ਗਰਗ

ਸ਼ਹੀਦਾਂ ਦੀ ਯਾਦ 'ਚ ਖ਼ੂਨਦਾਨ ਕੈਂਪ 14 ਨੂੰ

ਕੌਹਰੀਆਂ, 8 ਦਸੰਬਰ (ਸੁਨੀਲ ਕੁਮਾਰ ਗਰਗ) - ਸਥਾਨਕ ਕਸਬਾ ਕੌਹਰੀਆ ਵਿਖੇ ਬਾਬਾ ਸੁਜਾਨ ਗਿਰ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਕੌਹਰੀਆਂ ਵੱਲੋਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਨਿੱਘੀ ਯਾਦ ਵਿੱਚ ਵਿਸ਼ਾਲ ਖ਼ੂਨ ਦਾਨ ਕੈਂਪ 14 ਦਸੰਬਰ ਨੂੰ ਸਮਾਧ ਬਾਬਾ ਸੁਜਾਨ ਗਿਰ ਵਿਖੇ ਲਗਾਇਆ ਜਾ ਰਿਹਾ ਹੈ। ਪੰਚਾਇਤ ਮੈਂਬਰ ਕੁਲਵੀਰ ਸਿੰਘ ਮੰਗੂ ਪੰਚ, ਛੱਜੂ ਸਿੰਘ ਪੰਚ, ਜੱਗਾ ਸਿੰਘ ਪੰਚ, ਮੱਖਣ ਸਿੰਘ ਪੰਚ ਆਦਿ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਵਿੱਚ ਸਰਦਾਰ ਚਿਤਵੰਤ ਸਿੰਘ ਕਲੱਬ, ਮਹਾਰਾਜਾ ਰਣਜੀਤ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ, ਸ਼੍ਰੀ ਗੁਰੂ ਰਵਿਦਾਸ ਯੂਥ ਕਲੱਬ, ਬਾਬਾ ਜੀਵਨ ਸਿੰਘ ਵੈਲਫੇਅਰ ਐਂਡ ਯੂਥ ਕਲੱਬ, ਗੁਰੂ ਵਾਲਮੀਕ ਕਲੱਬ, ਡਾਕਟਰ ਭੀਮ ਰਾਓ ਅੰਬੇਡਕਰ ਕਲੱਬ, ਦਸ਼ਮੇਸ਼ ਯੂਥ ਕਲੱਬ ਆਦਿ ਨੇ ਇਸ ਕੈਂਪ ਵਿੱਚ ਵੱਧ ਚੜ੍ਹ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।

ਹਰਿਆਣਾ ਪੁਲਿਸ ਵਲੋਂ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਦਾਗਣਾ ਨਿੰਦਣਯੋਗ - ਗੁਰਬਖ਼ਸ਼ ਸਿੰਘ ਗੁੱਡੂ

ਧੂਰੀ, 8 ਦਸੰਬਰ (ਲਖਵੀਰ ਸਿੰਘ ਧਾਂਦਰਾ) - ਧੂਰੀ ਹਲਕੇ ਦੇ ਟਕਸਾਲੀ ਕਾਂਗਰਸੀ ਆਗੂ ਗੁਰਬਖ਼ਸ਼ ਸਿੰਘ ਗੁੱਡੂ ਨੇ ਪੰਜਾਬ ਦੇ ਕਿਸਾਨਾਂ ਨੂੰ ਸ਼ਾਂਤਮਈ ਢੰਗ ਨਾਲ ਦਿੱਲੀ ਵੱਲ ਮਾਰਚ ਕਰਨ ਤੋਂ ਰੋਕਣ ਲਈ ਬਹੁਤ ਜ਼ਿਆਦਾ ਪੁਲਿਸ ਬਲ ਦੀ ਵਰਤੋਂ ਕਰਨ ਅਤੇ ਅੱਥਰੂ ਗੈਸ ਦੇ ਗੋਲੇ ਚਲਾਉਣ ਲਈ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਜ਼ਿਕਰਯੋਗ ਹੈ ਕਿ ਪੰਜਾਬ ਦੇ 101 ਕਿਸਾਨਾਂ ਦੇ ਸਮੂਹ ਮਰਜੀਵੜਾ ਜਥੇ ਨੇ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ) ਨੂੰ ਕਾਨੂੰਨੀ ਰੂਪ ਦੇਣ ਸਮੇਤ ਆਪਣੀਆਂ ਜਾਇਜ਼ ਮੰਗਾਂ ਲਈ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਦਬਾਅ ਬਣਾਉਣ ਲਈ ਅੱਜ ਦਿੱਲੀ ਵੱਲ ਪੈਦਲ ਮਾਰਚ ਸ਼ੁਰੂ ਕੀਤਾ। ਉਨ੍ਹਾਂ ਨੂੰ ਇੱਕ ਵਾਰ ਫਿਰ ਸ਼ੰਭੂ ਬਾਰਡਰ 'ਤੇ ਹਰਿਆਣਾ ਪੁਲਿਸ ਦੀ ਬੇਰਹਿਮੀ ਦਾ ਸਾਹਮਣਾ ਕਰਨਾ ਪਿਆ। ਕਾਂਗਰਸੀ ਆਗੂ ਗੁਰਬਖ਼ਸ਼ ਸਿੰਘ ਗੁੱਡੂ ਨੇ ਕਿਹਾ ਕਿ ਹਰਿਆਣਾ ਸਰਕਾਰ ਵਲੋਂ ਕੱਲ੍ਹ ਤੋਂ ਹੀ ਸਾਰੇ ਨਾਜ਼ੁਕ ਸਥਾਨਾਂ 'ਤੇ ਭਾਰੀ ਪੁਲਿਸ ਤਾਇਨਾਤ ਕੀਤੀ ਗਈ ਹੈ। ਦਿੱਲੀ ਵੱਲ ਮਾਰਚ ਸ਼ੁਰੂ ਕਰਨ ਵਾਲੇ ਕਿਸਾਨਾਂ 'ਤੇ ਅੱਥਰੂ ਗੈਸ ਦੇ ਗੋਲੇ ਛੱਡੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਪੁਲਿਸ ਦੀ ਇਸ ਵਹਿਸ਼ੀ ਕਾਰਵਾਈ ਵਿਚ ਕਈ ਕਿਸਾਨ ਜ਼ਖ਼ਮੀ ਹੋਏ ਹਨ। ਉਨ੍ਹਾਂ ਕਿਹਾ ਕਿ ਤਤਕਾਲੀ ਮੋਹਨ ਲਾਲ ਖੱਟਰ ਸਰਕਾਰ ਦੇ ਨਕਸ਼ੇ ਕਦਮਾਂ 'ਤੇ ਚੱਲਦਿਆਂ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਜ਼ਾਲਮ ਹਰਿਆਣਾ ਸਰਕਾਰ ਕਿਸਾਨਾਂ ਦੇ ਸ਼ਾਂਤਮਈ ਵਿਰੋਧ ਪ੍ਰਦਰਸ਼ਨ ਨੂੰ ਦਬਾਉਣ 'ਤੇ ਤੁਲੀ ਹੋਈ ਹੈ, ਜੋ ਕਿ ਬਹੁਤ ਹੀ ਗੈਰ-ਲੋਕਤੰਤਰੀ ਕਦਮ ਹੈ। ਉਨ੍ਹਾਂ ਕਿਹਾ ਕਿ ਘੱਟੋ-ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਰੂਪ ਦੇਣ ਦਾ ਲਾਭ ਸਿਰਫ਼ ਪੰਜਾਬੀ ਕਿਸਾਨਾਂ ਨੂੰ ਹੀ ਨਹੀਂ ਮਿਲੇਗਾ, ਸਗੋਂ ਹਰਿਆਣਾ ਸਮੇਤ ਪੂਰੇ ਦੇਸ਼ ਦੇ ਕਿਸਾਨਾਂ ਨੂੰ ਰਾਹਤ ਦਾ ਸਾਹ ਮਿਲੇਗਾ।

ਧੂਰੀ ਹਲਕੇ ਦੇ ਟਕਸਾਲੀ ਕਾਂਗਰਸੀ ਆਗੂ ਗੁਰਬਖ਼ਸ਼ ਸਿੰਘ ਗੁੱਡੂ ਗੱਲਬਾਤ ਕਰਦੇ ਹੋਏ। ਤਸਵੀਰ: ਲਖਵੀਰ ਸਿੰਘ ਧਾਂਦਰਾ

ਮਲੇਰਕੋਟਲਾ ਦੇ ਲੋਕਾਂ ਵਲੋਂ ਨਹਿਰੀ ਪਾਣੀ ਲਈ ਵਿੱਢੇ ਸੰਘਰਸ਼ ਨੂੰ ਬੂਰ ਪੈਣ ਲੱਗਿਆ

54.41 ਕਿੱਲੋਮੀਟਰ ਨਵੇਂ ਮਲੇਰਕੋਟਲਾ ਰਜਬਾਹੇ ਲਈ ਜ਼ਮੀਨ ਐਕੁਆਇਰ ਕਰਨ ਦੀ ਪ੍ਰਕਿਰਿਆ ਸ਼ੁਰੂ

ਮਲੇਰਕੋਟਲਾ, 8 ਦਸੰਬਰ (ਪਰਮਜੀਤ ਸਿੰਘ ਕੁਠਾਲਾ) - ਆਜ਼ਾਦੀ ਦੇ 77 ਵਰ੍ਹਿਆਂ ਬਾਅਦ ਵੀ ਨਹਿਰੀ ਪਾਣੀ ਤੋਂ ਮਹਿਰੂਮ ਮਲੇਰਕੋਟਲਾ ਰਿਆਸਤ ਦੇ ਕਰੀਬ ਪੰਜ ਦਰਜਨ ਪਿੰਡਾਂ ਦੇ ਖੇਤਾਂ ਲਈ ਨਹਿਰੀ ਪਾਣੀ ਪ੍ਰਾਪਤ ਕਰਨ ਵਾਸਤੇ ਪਿਛਲੇ ਦੋ ਵਰ੍ਹਿਆਂ ਤੋਂ ਜਥੇਦਾਰ ਜਰਨੈਲ ਸਿੰਘ ਜਹਾਂਗੀਰ ਦੀ ਅਗਵਾਈ ਹੇਠ ਹਕੂਮਤ ਨਾਲ ਆਢਾ ਲਾਈ ਬੈਠੀ ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਦੇ ਲੰਬੇ ਅਤੇ ਲਮਕਵੇਂ ਸੰਘਰਸ਼ ਨੂੰ ਬੂਰ ਪੈਣ ਲੱਗਿਆ ਹੈ। ਪੰਜਾਬ ਸਰਕਾਰ ਦੇ ਜਲ ਸਰੋਤ ਵਿਭਾਗ ਵੱਲੋਂ ਜ਼ਿਲ੍ਹਾ ਮਲੇਰਕੋਟਲਾ ਵਿਚੋਂ ਲੰਘਦੀ ਕੋਟਲਾ ਬਰਾਂਚ ਨਹਿਰ ਵਿਚੋਂ ਨਿਕਲਦੇ ਮਾਹੋਰਾਣਾ ਰਜਵਾਹੇ ਨੂੰ ਅੱਪ ਗਰੇਡ ਕਰ ਕੇ ਇਕ ਨਵਾਂ ਮਲੇਰਕੋਟਲਾ ਰਜਵਾਹਾ ਕੱਢਣ ਲਈ ਜ਼ਮੀਨ ਗ੍ਰਹਿਣ ਦੀ ਪ੍ਰਕ੍ਰਿਆ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਜ਼ਟ ਨੋਟੀਫ਼ਿਕੇਸ਼ਨ ਮੁਤਾਬਿਕ ਲਗਭਗ 54.41 ਕਿੱਲੋਮੀਟਰ ਲੰਬੇ ਤਜਵੀਜਤ ਰੀਮਾਡਲਿੰਗ ਆਫ਼ ਮਾਹੋਰਾਣਾ ਡਿਸਟ੍ਰੀਬਿਊਟਰੀ ਐਂਡ ਕੰਸਟਰੱਕਸ਼ਨ ਆਫ਼ ਮਲੇਰਕੋਟਲਾ ਮਾਈਨਰ ਸਿਸਟਮ ਦੀ ਉਸਾਰੀ ਲਈ ਧੂਰੀ, ਮਲੇਰਕੋਟਲਾ ਅਤੇ ਅਮਰਗੜ੍ਹ ਤਹਿਸੀਲਾਂ ਦੇ 38 ਪਿੰਡਾਂ ਦੀ 288 ਏਕੜ ਜ਼ਮੀਨ ਐਕੁਆਇਰ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਨੋਟੀਫ਼ਿਕੇਸ਼ਨ ਮੁਤਾਬਿਕ ਇਸ ਰਜਵਾਹੇ ਲਈ ਜਿਹੜੇ ਪਿੰਡਾਂ ਦੀ ਜ਼ਮੀਨ ਐਕੁਆਇਰ ਕੀਤੀ ਜਾਣੀ ਹੈ ਉਨ੍ਹਾਂ ਵਿਚ ਨਾਰੀਕੇ, ਗੁਆਰਾ, ਬਿੰਝੋਕੀ ਕਲਾਂ, ਬਿੰਝੋਕੀ ਖ਼ੁਰਦ, ਉਪਲ ਖੇੜੀ, ਮਾਣਕਮਾਜਰਾ, ਮੁਹੰਮਦ ਨਗਰ, ਭੈਣੀ ਕਲਾਂ, ਕਿਸ਼ਨਗੜ੍ਹ ਸੰਗਾਲੀ, ਸਕੋਹਪੁਰ ਸੰਗਰਾਮ (ਸੰਗਾਲਾ) ਆਦਮਪਾਲ, ਬੁਰਜ, ਮੁ